ਸਰਕਾਰੀ ਭਾਈਵੀ

- ਕੈਬਨਿਟ ਮੰਤਰੀ ਨੇ ਖਿਡਾਰੀਆਂ ਨੂੰ ਖੇਡ ਕਿੱਟਾਂ ਵੀ ਵੰਡੀਆਂ

ਸੋਂਦ ਵਲੋਂ ਪਿੰਡ ਮਾਣਕ ਮਾਜਰਾ ਵਿਖੇ ਮੁੱਖ ਮੰਤਰੀ ਖੇਡ ਗਰਾਊਂਡ ਦਾ ਉਦਘਾਟਨ



ਖੇਡਾਂ ਪ੍ਰਤੀ ਰੁਝਾਨ ਵੱਧਦਾ ਹੈ ਅਤੇ ਉਹ ਸਿਹਤਮੰਦ ਜੀਵਨ ਸ਼ੈਲੀ ਅਪਣਾਉਂਦੇ ਹਨ।

ਕੈਬਨਿਟ ਮੰਤਰੀ ਸੋਂਦ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਵਧੀਆ ਖੇਡ ਸਹੂਲਤਾਂ ਮੁਹਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਖੇਡ ਮੈਦਾਨਾਂ ਦਾ ਨਿਰਮਾਣ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਨੀਂਹ ਰੱਖਣ ਵਲ ਇਕ ਅਹਿਮ ਕਦਮ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੇਂਡੂ ਖੇਤਰਾਂ ਦੇ ਨੌਜਵਾਨਾਂ ਵਿਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ ਅਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਢੁੱਕਵੇਂ ਮੌਕੇ ਤੇ ਸਹੂਲਤਾਂ ਮੁਹਈਆ ਕਰਵਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਿੰਡ ਮਾਣਕ ਮਾਜਰਾ ਦਾ ਇਹ ਨਵਾਂ ਖੇਡ ਮੈਦਾਨ ਖਿਡਾਰੀਆਂ ਨੂੰ ਨਿਖਸ ਅਭਿਆਸ ਕਰਨ ਅਤੇ ਆਪਣੇ ਪ੍ਰਦਰਸ਼ਨ ਵਿਚ ਹੋਰ ਨਿਖਾਰ ਲਿਆਉਣ ਦਾ ਮੌਕਾ ਦੇਵੇਗਾ। ਇਸ ਨਾਲ ਹੋਰ ਬੱਚੇ ਅਤੇ ਨੌਜਵਾਨ ਵੀ ਖੇਡਾਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਹੋਣਗੇ।

ਮੰਤਰੀ ਸੋਂਦ ਨੇ ਪਿੰਡ ਦੀ ਪੰਚਾਇਤ ਅਤੇ ਵਾਸੀਆਂ ਨੂੰ ਵੀ ਮੰਦਾ ਦਿਤਾ ਕਿ ਉਹ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਵਿਚ ਭਾਗ ਲੈਣ ਲਈ ਉਤਸ਼ਾਹਤ ਕਰਨ ਅਤੇ ਖੇਡ ਮੈਦਾਨ ਦੀ ਸਾਂਭ-ਸੰਭਾਲ ਵਿਚ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿਚ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣ ਅਤੇ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਜਾਰੀ ਰਹਿਣਗੇ। ਇਸ ਮੌਕੇ ਕੈਬਨਿਟ ਮੰਤਰੀ ਸੋਂਦ ਨੇ ਵਾਤਾਵਰਣ ਦੀ ਸ਼ੁੱਧਤਾ ਲਈ ਖੇਡ ਗਰਾਊਂਡ ਵਿਚ ਬੂਟਾ ਵੀ ਲਗਾਇਆ। ਸੁਧਾਈ ਪ੍ਰਕਿਰਿਆ ਦੇ ਹਿੱਸੇ ਵਜੋਂ ਅੱਜ ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿੱਤਰਾ ਦੀ ਪ੍ਰਧਾਨਗੀ ਹੇਠ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ, ਸੀ.ਈ.ਓ. ਪੰਜਾਬ ਨੇ ਨੁਮਾਇੰਦਿਆਂ ਨੂੰ ਏਕੀਕ੍ਰਿਤ ਡਰਾਫ਼ਟ ਵੋਟਰ ਸੂਚੀ ਦੀਆਂ ਕਾਪੀਆਂ ਸੌਂਪੀਆਂ ਅਤੇ ਸੁਧਾਈ ਮੁਹਿੰਮ ਦੀਆਂ ਮੁੱਖ ਵਿਵਸਥਾਵਾਂ ਅਤੇ ਸਮਾਂ-ਸਾਰਣੀ ਬਾਰੇ ਜਾਣੂ ਕਰਵਾਇਆ।



ਨੁਮਾਇੰਦਿਆਂ ਨੂੰ ਵੱਖ-ਵੱਖ ਚੋਣ ਸੇਵਾਵਾਂ ਲਈ ਨਿਰਧਾਰਤ ਫਾਰਮਾਂ ਬਾਰੇ ਵੀ ਜਾਣਕਾਰੀ ਦਿਤੀ ਗਈ, ਜਿਨ੍ਹਾਂ ਵਿਚ ਵੋਟਰ ਸੂਚੀ ਵਿਚ ਨਾਮ ਸ਼ਾਮਲ ਕਰਨ ਲਈ ਫਾਰਮ 6, ਪਵਾਸੀ ਵੋਟਰਾਂ ਦੀ ਰਜਿਸਟ੍ਰੇਸ਼ਨ ਲਈ ਫਾਰਮ 6ਏ, ਨਾਮ ਕੱਟਣ ਲਈ ਫਾਰਮ 7 ਅਤੇ ਵੇਰਵਿਆਂ ਵਿਚ ਸੋਧ ਕਰਨ ਜਾਂ ਰਿਹਾਇਸ਼ ਬਦਲਣ ਲਈ ਫਾਰਮ 8 ਸ਼ਾਮਲ ਹਨ। ਸੀ.ਈ.ਓ. ਪੰਜਾਬ ਨੇ ਅੱਗੇ ਦਸਿਆ ਕਿ ਜਿਹੜੇ ਨੌਜਵਾਨ ਨਾਗਰਿਕ 1 ਜਨਵਰੀ, 2027 ਨੂੰ ਜਾਂ ਇਸ ਤੋਂ ਪਹਿਲਾਂ 18 ਸਾਲ ਦੀ ਉਮਰ ਪੂਰੀ ਕਰ ਰਹੇ ਹਨ, ਉਹ ਵੋਟਰ ਵਜੋਂ ਰਜਿਸਟਰ ਹੋਣ ਦੇ ਯੋਗ ਹਨ। ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਨਾਗਰਿਕਾਂ ਲਈ ਉਪਲਬਧ ਵੱਖ-ਵੱਖ ਡਿਜੀਟਲ ਪਲੇਟਫਾਰਮਾਂ ਅਤੇ ਸਹੂਲਤਾਂ, ਜਿਵੇਂ ਕਿ ਵੋਟਰ ਸਰਚਿਜ ਪੋਰਟਲ ਅਤੇ ਬੂੱਕ ਏ ਕਾਲ ਕ੍ਰੇਕਐਸਟ ਵਿਚ ਬੀ.ਐਲ.ਓ.' ਸਹੂਲਤ ਬਾਰੇ ਵੀ ਜਾਣੂ ਕਰਵਾਇਆ ਗਿਆ।

ਅਨਿੰਦਿਤਾ ਮਿਤਰਾ ਨੇ ਅੱਗੇ ਦਸਿਆ ਕਿ ਵੋਟਰਾਂ ਨੂੰ ਚੰਦ ਸੇਵਾਵਾਂ ਪ੍ਰਦਾਨ ਕਰਨ ਦੀ ਸਹੂਲਤ ਲਈ ਸੂਬੇ ਭਰ ਵਿਚ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਨਾਗਰਿਕਾਂ ਨੂੰ ਵੋਟਰ ਸੂਚੀਆਂ ਦੇਖਣ ਅਤੇ ਜਾਂਚਣ ਵਿਚ ਸਹਾਇਤਾ ਕਰਨ ਲਈ ਜ਼ਿਲ੍ਹਾ ਚੋਣ ਅਧਿਕਾਰੀਆਂ (ਡੀਈਓਜ਼) ਅਤੇ ਚੋਣਕਾਰ ਰਜਿਸਟਰੇਸ਼ਨ ਅਧਿਕਾਰੀਆਂ (ਈਆਰਓਜ਼) ਦੇ ਦਫ਼ਤਰਾਂ ਵਿਚ ਹੈਲਪ ਡੈਸਕ ਲਗਾਏ ਜਾਣਗੇ। ਸੀ.ਈ.ਓ. ਨੇ ਅੱਗੇ ਦਸਿਆ ਕਿ ਵੋਟਰ ਪ੍ਰਕਾਸ਼ਿਤ ਏਕੀਕ੍ਰਿਤ ਡਰਾਫ਼ਟ ਵੋਟਰ ਸੂਚੀ ਵਿਚ ਅਪਣੇ ਨਾਮ ਅਤੇ ਹੋਰ ਵੇਰਵਿਆਂ ਦੀ ਪੁਸ਼ਟੀ ਸੀ.ਈ.ਓ. ਪੰਜਾਬ ਦੀ ਅਧਿਕਾਰਤ ਵੈੱਬਸਾਈਟ ਅਤੇ ਭਾਰਤ ਚੋਣ ਕਮਿਸ਼ਨ ਦੇ ਵੋਟਰ ਸਰਵਿਸ ਪੋਰਟਲ ਰਾਹੀਂ ਕਰ ਸਕਦੇ ਹਨ।

'ਗੈਂਗਸਟਰਾਂ' ਤੇ ਵਾਰ' ਦੇ 296ਵੇਂ ਦਿਨ 204 ਵਿਅਕਤੀ ਗ੍ਰਿਫ਼ਤਾਰ

ਚੰਡੀਗੜ੍ਹ, 12 ਨਵੰਬਰ (ਸਸਸ) : 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ 296ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿਚ ਗੈਂਗਸਟਰਾਂ ਦੇ ਸਾਥੀਆਂ ਤੋਂ 537 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। 296ਵੇਂ ਦਿਨ, ਪੁਲਿਸ ਟੀਮਾਂ ਨੇ 11 ਹਥਿਆਰਾਂ ਸਮੇਤ 204 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਇਸ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 83,909 ਹੋ ਗਈ ਹੈ। ਇਸ ਤੋਂ ਇਲਾਵਾ 198 ਵਿਅਕਤੀਆਂ ਵਿਰੁਧ ਰੋਕਥਾਮ ਵਾਲੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਇਸ ਮੁਹਿੰਮ ਦੌਰਾਨ 11 ਗਰੋਹਾਂ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਇਸ ਦੌਰਾਨ, 'ਯੁੱਧ ਨਸ਼ਿਆਂ ਵਿਰੁਧ' ਨੂੰ 621ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 133 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿਚੋਂ 6 ਕਿਲੋ ਹੈਰੋਇਨ, 2 ਕਿਲੋ ਅਫੀਮ, 1933 ਨਸ਼ੀਲੀਆਂ ਗੋਲੀਆਂ ਅਤੇ 52,500 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਹੀ, ਸਿਰਫ਼ 621 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 92,354 ਤੱਕ ਪਹੁੰਚ ਗਈ ਹੈ। ਨਸ਼ਾ ਛੁਡਾਊ ਦੀ ਮੁਹਿੰਮ ਦੇ ਹਿੱਸੇ ਵਜੋਂ, ਅੱਜ 27 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ-ਵਸੇਬੇ ਦਾ ਲਿਆਜ ਕਰਵਾਉਣ ਲਈ ਪ੍ਰੇਰਿਤ ਕੀਤਾ ਹੈ।

ਸੁਤੰਤਰਤਾ ਸੰਗਰਾਮੀਆਂ ਤੇ ਪਰਵਾਰਾਂ ਦੀ ਭਲਾਈ ਯਕੀਨੀ ਬਣਾਈ ਜਾਵੇ: ਮੋਹਿੰਦਰ ਭਗਤ

ਚੰਡੀਗੜ੍ਹ, 12 ਨਵੰਬਰ (ਸਸਸ) : ਪੰਜਾਬ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਅੱਜ ਸੁਤੰਤਰਤਾ ਸੰਗਰਾਮੀ ਅਤੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਅੱਜ ਸੁਤੰਤਰਤਾ ਸੰਗਰਾਮੀ ਭਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਦੀ ਸਮੀਖਿਆ ਕੀਤੀ। ਮੀਟਿੰਗ ਦੌਰਾਨ ਸੁਤੰਤਰਤਾ ਸੰਗਰਮੀ ਵਿਸ਼ੇਸ਼ ਮੁੱਖ ਸਕੱਤਰ ਰਾਜੀ ਪ੍ਰਸ਼ਾਸ਼ਤਵਾਰ ਨੇ ਮੰਤਰੀ ਨੂੰ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿਤੀ। ਇਸ ਮੌਕੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿਤੇ ਕਿ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਲਈ ਹਰ ਸੰਭਵ ਸਹਾਇਤਾ ਮੁਹਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸੁਤੰਤਰਤਾ ਸੰਗਰਮੀ ਪਰਵਾਰਾਂ ਦੀ ਭਲਾਈ ਯਕੀਨੀ ਬਣਾਉਣਾ ਸਾਡੀ ਨੈਤਿਕ ਜ਼ਿੰਮੇਵਾਰੀ ਹੈ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਸਰਕਾਰ ਦੀਆਂ ਸਾਰੀਆਂ ਸਹੂਲਤਾਂ ਅਤੇ ਲਾਭ ਪ੍ਰਾਪਤ ਕਰਨ ਵਿਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਪਟਿਆਲਾ, ਧਰਮਕੋਟ ਤੇ ਬਾਘਾਪੁਰਾਣਾ ਲਈ ਨਗਰ ਨਿਗਮ ਚੋਣਾਂ ਦਾ ਐਲਾਨ

- ਅੱਜ ਸ਼ੁਰੂ ਹੋਣਗੀਆਂ ਨਾਮਜ਼ਦਗੀਆਂ, 28 ਨਵੰਬਰ ਨੂੰ ਹੋਵੇਗੀ ਵੋਟਿੰਗ

ਨਗਰ ਨਿਗਮ ਦੇ 30 ਵਾਰਡਾਂ ਦੀ ਮੁੜ ਚੋਣਾਂ ਸਬੰਧੀ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਲਈ ਰਿਟਰਨਿੰਗ ਅਫ਼ਸਰ ਤਾਇਨਾਤ

ਪਟਿਆਲਾ, 12 ਨਵੰਬਰ (ਰਾਜਿੰਦਰ ਸਿੰਘ ਥਿਦ, ਤਪਿਦਰ ਸਿੰਘ): ਪਟਿਆਲਾ ਨਗਰ ਨਿਗਮ ਦੇ 30 ਵਾਰਡਾਂ ਵਿਚ ਹੋਣ ਵਾਲੀਆਂ ਮੁਡ ਚੋਣਾਂ ਨੂੰ ਲੈ ਕੇ ਅਧਿਕਾਰਤ ਚੋਣ ਪ੍ਰੋਗਰਾਮ ਜਾਰੀ ਕਰ ਦਿਤਾ ਗਿਆ ਹੈ। ਜਾਰੀ ਕੀਤੇ ਗਏ ਚੋਣ ਪ੍ਰੋਗਰਾਮ ਮੁਤਾਬਕ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਦੀ ਪ੍ਰਕਿਰਿਆ 13 ਨਵੰਬਰ ਤੋਂ ਸ਼ੁਰੂ ਹੋਵੇਗੀ ਅਤੇ 28 ਨਵੰਬਰ ਨੂੰ ਵੋਟਾਂ ਪੈਣਗੀਆਂ। ਜਾਰੀ ਵੇਰਵਿਆਂ ਅਨੁਸਾਰ ਉਮੀਦਵਾਰ 13 ਨਵੰਬਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤਕ ਅਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕਰ ਸਕਣਗੇ। ਇਸ ਤੋਂ ਬਾਅਦ 14 ਨਵੰਬਰ ਨੂੰ ਬੈਂਕ ਛੁੱਟੀ, 15 ਨਵੰਬਰ ਨੂੰ ਐਤਵਾਰ ਅਤੇ 16 ਨਵੰਬਰ ਨੂੰ ਗਜ਼ਟਿਡ ਛੁੱਟੀ ਹੋਣ ਕਾਰਨ ਨਾਮਜ਼ਦਗੀਆਂ ਨਹੀਂ ਲਈਆਂ ਜਾਣਗੀਆਂ। ਨਾਮਜ਼ਦਗੀਆਂ ਭਰਨ ਦਾ ਅਗਲਾ ਪੜਾਅ 17, 18 ਅਤੇ 19 ਨਵੰਬਰ ਨੂੰ ਸਵੇਰੇ 11 ਤੋਂ ਦੁਪਹਿਰ 3 ਵਜੇ ਤਕ ਜਾਰੀ ਰਹੇਗਾ ਜਿਸ ਵਿਚ 19 ਨਵੰਬਰ ਕਾਗਜ਼ ਦਾਖ਼ਲ ਕਰਨ ਦੀ ਆਖ਼ਰੀ ਤਰੀਕ ਹੋਵੇਗੀ। ਦਾਖ਼ਲ ਕੀਤੇ ਗਏ ਨਾਮਜ਼ਦਗੀ ਪੱਤਰਾਂ ਦੀ ਪੜਤਾਲ 20 ਨਵੰਬਰ ਨੂੰ ਕੀਤੀ ਜਾਵੇਗੀ, ਜਦਕਿ ਉਮੀਦਵਾਰ 21 ਨਵੰਬਰ ਨੂੰ ਦੁਪਹਿਰ 3 ਵਜੇ ਤਕ ਅਪਣੇ ਨਾਮ ਵਾਪਸ ਲੈ ਸਕਣਗੇ। ਮਤਦਾਨ 28 ਨਵੰਬਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤਕ ਹੋਵੇਗਾ, ਜਦਕਿ ਵੋਟਾਂ ਦੀ ਗਿਣਤੀ ਸਬੰਧੀ ਹਦਾਇਤਾਂ ਵਖਰੇ ਤੌਰ 'ਤੇ ਜਾਰੀ ਕੀਤੀਆਂ ਜਾਣਗੀਆਂ। ਪਟਿਆਲਾ ਨਗਰ ਨਿਗਮ ਦੇ 30 ਵਾਰਡਾਂ ਦੀ ਮੁੜ ਚੋਣਾਂ ਨੂੰ ਲੈ ਕੇ ਅਧਿਕਾਰਤ ਚੋਣ ਪ੍ਰੋਗਰਾਮ ਜਾਰੀ ਕਰ ਦਿਤਾ ਗਿਆ ਹੈ ਤੇ ਇਸ ਨਾਲ ਹੀ ਧਰਮਕੋਟ 7 ਤੇ ਬਾਘਾਪੁਰਾਣਾ ਦੀਆਂ 15 ਸੀਟਾਂ 'ਤੇ ਵੀ ਚੋਣਾਂ ਹੋਣਗੀਆਂ।

ਰਾਜ ਚੋਣ ਕਮਿਸ਼ਨ ਵਲੋਂ ਪਟਿਆਲਾ ਦੇ 30 ਵਾਰਡਾਂ ਦੀ ਮੁੜ ਚੋਣ ਕਰਵਾਉਣ ਲਈ ਚੋਣ ਪ੍ਰੋਗਰਾਮ ਜਾਰੀਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਏਡੀਸ਼ੀ (ਦਿਹਾਤੀ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸੁਨੀਲ ਨੇ ਦਸਿਆ ਕਿ ਨਾਮਜ਼ਦਗੀਆਂ ਭਰਨ ਲਈ ਰਿਟਰਨਿੰਗ ਅਫ਼ਸਰ ਤੇ ਸਹਾਇਕ ਰਿਟਰਨਿੰਗ ਅਫ਼ਸਰ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਦਸਿਆ ਕਿ ਵਾਰਡ ਨੰਬਰ 1,4,6,12,14,15,16,22,26, 29, 32, 33, 34, 36 ਤੇ 37 ਲਈ ਰਿਟਰਨਿੰਗ ਅਫ਼ਸਰ ਦੇ ਐਮ ਡੀ, ਪੀ ਆਰ ਟੀ ਸੀ ਦਿਦਰਪਾਲ ਸਿਘ ਤੇ ਸਹਾਇਕ ਰਿਟਰਨਿੰਗ ਅਫ਼ਸਰ ਕਾਰਜਕਾਰੀ ਇੰਜੀਨੀਅਰ ਲੋਕ ਨਿਰਮਾਣ ਵਿਭਾਗ ਹਰਪ੍ਰੀਤ ਸਿਘ ਕਟਾਰੀਆ ਨੂੰ ਲਗਾਇਆ ਗਿਆ ਹੈ ਅਤੇ ਇਹ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਨਾਭਾ ਰੋਡ ਸਥਿਤ ਪੀ ਆਰ ਟੀ ਸੀ ਮੁੱਖ ਦਫ਼ਤਰ ਦੇ ਕਾਨਫ਼ਰੰਸ ਹਾਲ ਵਿਖੇ ਪ੍ਰਾਪਤ ਕਰਨਗੇ। ਇਸ ਤੋਂ ਇਲਾਵਾ ਵਾਰਡ ਨੰਬਰ 38, 40, 41, 43, 44, 45, 46, 48, 50, 51, 52, 53, 55, 57 ਅਤੇ 58 ਲਈ ਰਿਟਰਨਿੰਗ ਅਫ਼ਸਰ ਪੁਡਲਿਸ ਪ੍ਰਿਤਪਾਲ ਕਮਿਸ਼ਨਰ ਆਬਕਾਰੀ (ਡਿਸਟਿਲਰੀ) ਅਤੇ ਸਹਾਇਕ ਰਿਟਰਨਿੰਗ ਅਫ਼ਸਰ ਕਾਰਜਕਾਰੀ ਇੰਜੀਨੀਅਰ ਲੋਕ ਨਿਰਮਾਣ ਵਿਭਾਗ (ਨੈਸ਼ਨਲ ਹਾਈਵੇ) ਵਨੀਤ ਸਿਗਲਾ ਨੂੰ ਲਗਾਇਆ ਗਿਆ ਹੈ। ਉਨ੍ਹਾਂ ਵਲੋਂ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਦਫ਼ਤਰ ਉਪ ਕਮਿਸ਼ਨਰ ਆਬਕਾਰੀ, ਪਟਿਆਲਾ ਜ਼ੋਨ, ਪਹਿਲੀ ਮੰਜ਼ਲ, ਜ਼ਿਲ੍ਹਾ ਪ੍ਰੀਸ਼ਦ ਬਿਲਡਿੰਗ ਪਟਿਆਲਾ ਵਿਖੇ ਪ੍ਰਾਪਤ ਕੀਤੇ ਜਾਣਗੇ।

HDB FINANCIAL SERVICES
From the trusted family of HDFC Bank

ਐਚਡੀਬੀ ਫਾਈਨੈਂਸ਼ੀਅਲ ਸਰਵਿਸਿਜ਼ ਲਿਮਟਿਡ
ਰਜਿਸਟਰਡ ਦਫ਼ਤਰ : ਹਾਰਮਨ, ਦੂਜੀ ਮੰਜ਼ਿਲ, ਲਾਅ ਗਾਰਡਨ ਰੋਡ, ਨਵਰੰਗਪੁਰਾ, ਅਹਿਮਦਾਬਾਦ-380009, ਬਰਾਂਚ ਦਫ਼ਤਰ : ਐਚਡੀਬੀ ਫਾਈਨੈਂਸ਼ੀਅਲ ਸਰਵਿਸਿਜ਼ ਲਿਮਿਟਿਡ, ਐਸਸੀਓ 70, ਪਹਿਲੀ ਮੰਜ਼ਿਲ, ਸੈਕਟਰ 47, ਸੈਕਟਰ-160047

ਸਰਫ਼ਾਇਸੀ ਐਕਟ, 2002 ਅਧੀਨ ਈ ਨਿਲਾਮੀ ਵਿਕਰੀ ਸੂਚਨਾ

ਨਿਮਨ ਹਸਤਾਖਰੀ ਨੇ ਐਚਡੀਬੀ ਫਾਈਨੈਂਸ਼ੀਅਲ ਸਰਵਿਸਿਜ਼ ਲਿਮਿਟਿਡ ਦੇ ਅਧਿਕਾਰਤ ਅਫ਼ਸਰ ਵਜੋਂ ਦੀ ਸਕਿਓਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ਼ ਫਾਈਨੈਂਸ਼ੀਅਲ ਐਸੇਟਸ ਐਂਡ ਐਨਫੋਰਸਮੈਂਟ ਆਫ਼ ਸਕਿਓਰਿਟੀ ਇੰਟਰਸਟ ਐਕਟ 2002 ਦੇ ਸੈਕਸ਼ਨ 13(2) ਅਧੀਨ ਜਾਰੀ ਨੋਟਿਸ ਦੀ ਪਾਲਣਾ ਕਰਦਿਆਂ ਹੇਠ ਤੱਤਾਂ ਨੂੰ ਡਿਫ਼ਾਲਟ ਕਰਜ਼ਦਾਰ ਦੀ ਤੇ ਗਿਰਵੀ ਜਾਇਦਾਦ ਦੀ ਵਿਕਰੀ ਕਰਜ਼ਦਾਰ ਦੇ ਹੇਠ ਵੇਰਵੇ ਅਨੁਸਾਰ ਅਤੇ ਇਸ ਤੋਂ ਇਲਾਵਾ ਹੋਰ ਖ਼ਰਚਾਵੇ ਪਾਰੇ ਵੇਚਣ ਦਾ ਹੱਕ ਪ੍ਰਾਪਤ ਕਰ ਲਿਆ ਹੈ। ਇਹ 'ਜਿਵੇਂ ਜਿੱਥੇ ਹੈ ਜੋ ਜਿਥੇ ਹੈ ਜੋ ਆਧਾਰ' 'ਤੇ ਅਤੇ 'ਜੋ ਵੀ ਉਥੇ ਹੈ ਜੋ ਆਧਾਰ' ਕੰਪਨੀ ਦੇ ਬਕਾਇਆ ਕਰਜ਼ਾ ਲਈ ਵੇਚਣ ਦਾ ਹੱਕ ਪ੍ਰਾਪਤ ਕਰ ਲਿਆ ਹੈ।

1. ਕਰਜ਼ਦਾਰ/ਂ ਅਤੇ ਗਰੰਟਰ/ਨ ਦਾ ਨਾਂ ਅਤੇ ਪਤਾ 2. ਕੁੱਲ ਬਕਾਇਆ/ਲਿਆਂ ਰਕਮ ਦੀ ਤੋਂ	ਜਾਇਦਾਦਾਂ ਦਾ ਵੇਰਵਾਂ	1. ਈ ਨਿਲਾਮੀ ਦੀ ਮਿਤੀ ਅਤੇ ਸਮਾਂ, 2. ਈਐਮਡੀ ਜਮਾਂ ਕਰਨ ਦੀ ਆਖਰੀ ਮਿਤੀ, 3. ਜਾਇਦਾਦ ਦੀ ਪਡਤਰਨ ਦੀ ਮਿਤੀ ਅਤੇ ਸਮਾਂ	1. ਰਾਖਵੀਂ ਕੀਮਤ, 2. ਜਾਇਦਾਦਾਂ ਦੀ ਤਸਵੀਰ
1. ਸਵਰਨਾ ਵਾਹਕ ਰਜਾਂਕ ਦੁਪਹਿਰ ਦੁਕਾਨ ਨੰਬਰ 11 ਜੋਨ ਰਿਦੁ ਕਲੋਨਾ ਬਿਸਪਹਾੜ ਬਾਲੀ ਮੀਰਪਹਾੜ ਬਲਾਟਾਂ, 140604 ਪੰਜਾਬ ਅਤੇ ਇਥੇ ਦੋਹਾਂ: ਜਾਇਦਾਦਾਂ ਅਪਾਰਟਮੈਂਟ ਨੰਬਰ 707, 7ਵੀਂ ਮੰਜ਼ਿਲ ਟਾਵਰ ਨੰਬਰ-ਬੀ, ਪਵਟ/ਪਟੇਲੀ ਨੰਬਰ 23/70-71 ਖਾਸਰਾ ਨੰਬਰ 16/3(4-0), 4(4-0), 5(3-16), ਪਿੰਡ ਓਕੇਸਰ ਦੀਪ, ਜ਼ਿਲ੍ਹਾ ਰਾਜਪੁਰਾ,